# ਦਫਤਰ ਜਿਲਾ ਮੈਜਿਸਟਰੇਟ, ਜਲੰਧਰ
**Office of the District Magistrate**
Jalandhar (Punjab)

No. ..........................

Date ..........................

Phone :0181-2224782(O)
:0181-2455664(R)
Fax :0181-2224727
Email: dc.jal@punjabmail.gov.in


<u>ਹੁਕਮ-</u>

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸਵ ਵਿੱਚ ਦਹਿਸਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ।

ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਜਿਨ੍ਹਾਂ ਵਿੱਚ ਕਣਕ ਦੀ ਫਸਲ ਦੀ ਕਟਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਦਫਤਰ ਦੇ ਪੱਤਰ ਨੰ 4795-4815/ਐਮ.ਸੀ-4/ਐਮ.ਏ ਮਿਤੀ 31-03-2020 ਰਾਂਹੀ ਕੰਬਾਇਨਾਂ (Harvesting Machines) ਨੂੰ ਬਿਨਾ ਪਾਸ ਤੋਂ ਚਲਣ ਦੀ ਛੋਟ ਦਿੱਤੀ ਗਈ ਸੀ। ਕਣਕ ਦੀ ਕਟਾਈ ਦੇ ਨਾਲ ਨਾਲ ਕਿਸਾਨਾਂ ਵੱਲੋਂ ਤੂੜੀ ਵੀ ਬਣਾਈ ਜਾਂਦੀ ਹੁੰਦੀ ਹੈ। ਇਸ ਲਈ ਤੂੜੀ ਬਨਾਉਣ ਲਈ ਮਸ਼ੀਨਾਂ (Straw Reapers) ਦੀ ਵਰਤੋਂ ਕੀਤੀ ਜਾਂਦੀ ਹੈ।

ਜਿਸ ਨੂੰ ਮੁੱਖ ਰੱਖਦੇ ਹੋਏ ਜਿਲ੍ਹਾ ਜਲੰਧਰ ਵਿੱਚ ਤੂੜੀ ਬਨਾਉਣ ਵਾਲੀਆਂ ਮਸ਼ੀਨਾਂ (Straw Reapers) ਨੂੰ ਬਿਨ੍ਹਾ ਪਾਸ ਤੇ ਚਲਣ ਦੀ ਆਗਿਆ ਇਸ ਸ਼ਰਤ ਤੇ ਦਿੱਤੀ ਜਾਂਦੀ ਹੈ ਕਿ Straw Reaper ਮਾਲਕਾਂ ਵੱਲੋਂ ਸਮਾਜਿਕ ਦੂਰੀ ਅਤੇ ਕੋਵਿਡ-19 ਸਬੰਧੀ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ। ਕਰਫਿਊ ਦੌਰਾਨ ਇਹਨਾਂ ਮਸ਼ੀਨਾਂ (Straw Reapers) ਨੂੰ ਕਿਤੇ ਵੀ ਰੋਕਿਆ ਨਹੀਂ ਜਾਵੇਗਾ।

ਜਿਲ੍ਹਾ ਮੈਜਿਸਟਰੇਟ
ਜਲੰਧਰ

ਜਿਲ੍ਹਾ ਮੈਜਿਸਟਰੇਟ,
ਜਲੰਧਰ।

ਪਿੰਠ ਅੰਕਣ ਨੰਬਰ 6579-94 ਐਮ.ਸੀ.4/ਐਮ.ਏ ਮਿਤੀ 22-04-2020

ਇਸ ਦਾ ਇੱਕ ਉਤਾਰਾ :

1. ਕਮਿਸ਼ਨਰ ਆਫ ਪੁਲਿਸ, ਜਲੰਧਰ/ ਸੀਨੀਅਰ ਪੁਲਿਸ ਕਪਤਾਨ (ਦਿਹਾਤੀ), ਜਲੰਧਰ
2. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ
3. ਮੁੱਖ ਖੇਤੀ ਬਾੜੀ ਅਫਸਰ, ਜਲੰਧਰ
4. ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼)

ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵ. ਜਿਲ੍ਹਾ ਮੈਜਿਸਟਰੇਟ,
ਜਲੰਧਰ।